# ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207,
2620106, 2621104,2631104,ਫੈਕਸ:0172-2624687 ਈ-ਮੇਲ: ssapunjab123@gmail.com

## ਜਨਤਕ ਸੂਚਨਾ

ਮਿਤੀ 15-07-2010 ਨੂੰ ਜਾਰੀ ਜਨਤਕ ਸੂਚਨਾ ਦੀ ਲਗਾਤਾਰਤਾ ਵਿੱਚ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਆਸਾਮੀਆਂ ਨੂੰ ਤਰਕਸੰਗਤ (ਰੈਸ਼ਨੇਲਾਈਜ਼) ਕਰਨ ਲਈ ਰਾਜ ਸਰਕਾਰ ਵੱਲੋਂ ਜਾਰੀ ਰੈਸ਼ਨੇਲਾਈਜ਼ੇਸ਼ਨ ਨੀਤੀ ਪਿੱਠ ਅੰਕਣ ਨੰ: 18/348/09-5ਸਿ2-6514-23 ਮਿਤੀ 29-12-2009 ਅਤੇ ਸਮੇਂ ਸਮੇਂ ਜਾਰੀ ਹਦਾਇਤਾਂ ਨੂੰ ਧਿਆਨ ਵਿੱਚ ਰੱਖ ਕੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈਸਿ) ਵੱਲੋਂ ਤਜਵੀਜ਼ ਤਿਆਰ ਕਰਕੇ ਸਰਕਾਰ ਨੂੰ ਪਰਵਾਨਗੀ ਲਈ ਭੇਜੀ ਗਈ ਹੈ।

ਇਹ ਤਜਵੀਜ਼ ਸਰਕਾਰ ਨੂੰ ਪਰਵਾਨਗੀ ਹਿੱਤ ਭੇਜਣ ਤੋਂ ਪਹਿਲਾਂ ਸਾਰੇ ਸਬੰਧਤ ਅਧਿਆਪਕਾਂ/ ਕਰਮਚਾਰੀਆਂ ਨੂੰ ਜਨਤਕ ਨੋਟਿਸ ਜਾਰੀ ਕਰਕੇ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਸਿ) ਵੱਲੋਂ ਤਿਆਰ ਕੀਤੀ ਤਜਵੀਜ਼, ਜੋ ਕਿ ਦਫ਼ਤਰ ਦੀ ਵੈਬ-ਸਾਈਟ ssapunjab.org 'ਤੇ ਅੱਪ-ਲੋਡ ਕੀਤੀ ਗਈ ਹੈ, ਬਾਰੇ ਕੋਈ ਇਤਰਾਜ਼ ਹੈ ਤਾਂ ਮਿਤੀ 25-07-2010 ਤੱਕ ਇਸ ਦਫ਼ਤਰ ਦੇ ਪਤੇ 'ਤੇ ਭੇਜ ਦਿੱਤਾ ਜਾਵੇ। ਇੱਥੇ ਦੁਬਾਰਾ ਤੋਂ ਸੁਚੇਤ ਕੀਤਾ ਜਾਂਦਾ ਹੈ ਕਿ ਅਧੂਰੀ ਜਾਂ ਦੇਰ ਨਾਲ ਪ੍ਰਾਪਤ ਹੋਈ ਕੋਈ ਵੀ ਬੇਨਤੀ ਜਾਂ ਇਤਰਾਜ਼ ਉੱਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**-ਕਮ-ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ।**